**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ**

# ਮਰੀਜ਼ਾਂ ਦੀ ਸੇਵਾ ’ਚ ਜੁਟੇ ਡਾਕਟਰੀ ਅਮਲੇ ਨੂੰ ਮੈਡੀਕਲ ਉਪਕਰਨਾਂ ਦੀ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਕਮੀ: ਸੁਖਬਿੰਦਰ ਸਿੰਘ ਸਰਕਾਰੀਆ

*** ਕੋਵਿਡ-19 ਵਿਰੁੱਧ ਬਰਨਾਲਾ ਪ੍ਰਸ਼ਾਸਨ ਦੇ ਪ੍ਰਬੰਧਾਂ ਦਾ ਕੈਬਨਿਟ ਮੰਤਰੀ ਸਰਕਾਰੀਆ ਨੇ ਲਿਆ ਜਾਇਜ਼ਾ**

*** ਕਿਹਾ, ਪੰਜਾਬ ਸਰਕਾਰ ਕਣਕ ਦੀ ਫਸਲ ਦਾ ਇਕ ਇਕ ਦਾਣਾ ਚੁੱਕਣ ਲਈ ਵਚਨਬੱਧ**

ਬਰਨਾਲਾ,  7 ਅਪਰੈਲ

ਜਲ ਸਰੋਤ, ਹਾਊਸਿੰਗ ਤੇ ਸ਼ਹਿਰੀ ਵਿਕਾਸ ਵਿਭਾਗ ਦੇ ਮੰਤਰੀ ਸ. ਸੁਖਬਿੰਦਰ ਸਿੰਘ ਸਰਕਾਰੀਆ ਨੇ ਅੱਜ ਇੱਥੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਤੇ ਪੁਲੀਸ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕਰ ਕੇ ਜ਼ਿਲਾ ਪ੍ਰਸ਼ਾਸਨ ਵੱਲੋਂ ਕਰੋਨਾ ਵਾਇਰਸ ਫੈਲਣ ਤੋਂ ਰੋਕਣ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਤੇਜ ਪ੍ਰਤਾਪ ਸਿੰਘ ਫੂਲਕਾ ਤੇ ਜ਼ਿਲਾ ਪੁਲੀਸ ਮੁਖੀ ਸ੍ਰੀ ਸੰਦੀਪ ਗੋਇਲ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

ਇਸ ਮੌਕੇ ਕੈਬਨਿਟ ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਇਸ ਮੁਸ਼ਕਲ ਘੜੀ ਵਿੱਚ ਕਿਸੇ ਵੀ ਵਰਗ ਨੂੰ ਕੋਈ ਮੁਸ਼ਕਲ ਨਾ ਆਉਣ ਦਿੱਤੀ ਜਾਵੇ। ਪੰਜਾਬ ਸਰਕਾਰ ਵੱਲੋਂ  ਮੁਫਤ ਰਾਸ਼ਨ ਵੰਡ ਸਕੀਮ ਤਹਿਤ ਜਿੱਥੇ ਲੋੜਵੰਦਾਂ ਨੂੰ ਮੁਫਤ ਰਾਸ਼ਨ ਮੁਹੱਈਆ ਕਰਾਇਆ ਜਾ ਰਿਹਾ ਹੈ, ਉਥੇ ਮਰੀਜ਼ਾਂ ਤੋਂ ਇਲਾਵਾ ਮੈਡੀਕਲ ਅਮਲੇ ਲਈ ਲੋੜੀਂਦੀਆਂ ਸਹੂਲਤਾਂ ਤੇ ਉਪਕਰਨਾਂ ਦੀ ਵੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਹਾੜੀ ਦੇ ਸੀਜ਼ਨ ਦੇ ਮੱਦੇਨਜ਼ਰ ਉਨਾਂ ਆਖਿਆ ਕਿ ਕਿਸਾਨਾਂ ਨੂੰ ਕਣਕ ਦੀ ਵਾਢੀ ਲਈ ਕਰਫਿਊ ਵਿੱਚ ਲੋੜੀਂਦੀਆਂ ਛੋਟਾਂ ਦਿੱਤੀਆਂ ਗਈ ਹਨ। ਕਣਕ ਆਉਣ ਤੋਂ ਬਾਅਦ ਕਿਸਾਨ ਮੰਡੀਆਂ ਵੱਲ ਇੱਕੋ-ਦਮ ਰੁਖ ਨਾ ਕਰਨ, ਇਸ ਲਈ ਬਦਲਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਉਨਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਕਣਕ ਦੀ ਫਸਲ ਦਾ ਇਕ ਇਕ ਦਾਣਾ ਚੁੱਕਣ ਲਈ ਵਚਨਬੱਧ ਹੈ।

ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਮੁੜ ਵਸੇਬਾ ਕੇਂਦਰ ਸੋਹਲ ਪੱਟੀ, ਬਰਨਾਲਾ ਤੇ ਸੀਐਚਸੀ ਮਹਿਲ ਕਲਾਂ ਵਿਚ ਆਈਸੋਲੇਸ਼ਨ ਸਹੂਲਤ ਤੋਂ ਇਲਾਵਾ 6 ਵੱਖ ਵੱਖ ਥਾਵਾਂ ’ਤੇ ਕੁਆਰਨਟੀਨ ਸਹੂਲਤ ਦੇ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਪ੍ਰਾਈਵੇਟ ਹਸਪਤਾਲਾਂ ਨਾਲ ਵੀ ਰਾਬਤਾ ਬਣਾਇਆ ਹੋਇਆ ਹੈ। ਉਨਾਂ ਕਿਹਾ ਕਿ ਬਾਹਰੋਂ ਆਉਣ ਵਾਲੇ ਵਿਅਕਤੀਆਂ ਦਾ ਲਗਾਤਾਰ

ਚੈਕਅਪ ਕੀਤਾ ਜਾ ਰਿਹਾ ਹੈ। ਸਿਹਤ ਅਮਲੇ ਨੂੰ ਪੀਪੀਈ ਕਿੱਟਸ, ਐਨ 95 ਮਾਸਕ, ਟ੍ਰਿਪਲ ਲੇਅਰ ਮਾਸਕ ਤੇ ਹੋਰ ਉਪਰਕਰਨ ਲੋੜੀਂਦੀ ਮਾਤਰਾ ’ਚ ਮੁਹੱਈਆ ਕਰਾਏ ਜਾ ਰਹੇ ਹਨ। ਇਸ ਮੌਕੇ ਜ਼ਿਲਾ ਫੂਡ ਤੇ ਸਿਵਲ ਸਪਲਾਈ ਕੰਟਰੋਲਰ ਨੇ ਦੱਸਿਆ ਕਿ ਜਿਹੜੇ ਪਰਿਵਾਰ ਨੀਲੇ ਕਾਰਡਾਂ ਦੀ ਸਕੀਮ ਤੋਂ ਵਾਂਝੇ ਹਨ, ਉਨਾਂ ਲਈ ਰੋਜ਼ਾਨਾ ਪੱਧਰ ’ਤੇ 2000 ਪੈਕੇਟ ਰਾਸ਼ਨ ਭੇਜਿਆ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਜ਼ਿਲੇ ਵਿਚ ਕੰਬਾਇਨਾਂ ਦੀ ਰਿਪੇਅਰ ਸ਼ੁਰੂ ਹੋ ਗਈ ਹੈ ਤੇ ਕਰੀਬ 20 ਅਪਰੈਲ ਤੋਂ ਜ਼ਿਲੇ ਵਿਚ ਕਣਕ ਦੀ ਵਾਢੀ ਜ਼ੋਰ ਫੜ ਲਵੇਗੀ। ਇਸ ਮੌਕੇ ਕੈਬਨਿਟ ਮੰਤਰੀ ਨੇ ਆਖਿਆ ਕਿ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ ਕਿ ਜੇਕਰ ਉਹ ਵਾਢੀ ਤੋਂ ਬਾਅਦ ਕਣਕ ਘਰਾਂ ਵਿਚ ਰੱਖਦੇ ਹਨ ਤਾਂ ਵੀ ਉਨਾਂ ਨੂੰ ਫਸਲ ਵੇਚਣ ’ਚ ਕੋਈ ਦਿੱਕਤ ਨਹੀਂ ਆਵੇਗੀ। ਉਨਾਂ ਕਿਹਾ ਕਿ ਪੰਜਾਬ ਸਰਕਾਰ ਫਸਲ ਦਾ ਇਕ ਇਕ ਦਾਣਾ ਚੁੱਕਣ ਲਈ ਵਚਨਬੱਧ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਰੂਹੀ ਦੁੱਗ, ਐਸਡੀਐਮ ਅਨਮੋਲ ਸਿੰਘ ਧਾਲੀਵਾਲ, ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ, ਐਸਪੀ (ਹੈਡਕੁਆਰਟਰ) ਸ. ਗੁਰਦੀਪ ਸਿੰਘ, ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਵੀ ਹਾਜ਼ਰ ਸਨ।

## ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

## ਕਰੋਨਾ ਖਿਲਾਫ ਜੰਗ ’ਚ ਡਟੇ ਸਿਹਤ ਅਮਲੇ ਦੀ ਡਿਪਟੀ ਕਮਿਸ਼ਨਰ ਵੱਲੋਂ ਹੌਸਲਾ ਅਫਜ਼ਾਈ

## * ਸਿਹਤ ਅਮਲੇ ਦੀ ਸਿਹਤ ਅਤੇ ਸਹੂਲਤਾਂ ਜ਼ਿਲਾ ਪ੍ਰਸ਼ਾਸਨ ਦੀ ਤਰਜੀਹ: ਤੇਜ ਪ੍ਰਤਾਪ ਸਿੰਘ ਫੂਲਕਾ

## * ਡਾਕਟਰਾਂ ਅਤੇ ਹੋਰ ਸਟਾਫ ਨੂੰ ਪੀਪੀਈ ਕਿੱਟਾਂ, ਮਾਸਕ ਤੇ ਸੈਨੇਟਾਈਜ਼ਰ ਸੌਂਪੇ

ਬਰਨਾਲਾ, 7 ਅਪਰੈਲ

ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਦਿਨ-ਰਾਤ ਸੇਵਾਵਾਂ ਦੇਣ ਵਿਚ ਜੁ੍ਟੇ ਸਿਹਤ ਵਿਭਾਗ ਦੇ ਅਮਲੇ ਦੀ ਅੱਜ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਵਿਸ਼ੇਸ਼ ਤੌਰ ’ਤੇ ਹੌਸਲਾ ਅਫਜ਼ਾਈ ਕੀਤੀ ਗਈ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਵੱਲੋਂ ਸਿਹਤ ਵਿਭਾਗ ਬਰਨਾਲਾ ਨੂੰ 200 ਪੀਪੀਈ ਕਿੱਟਾਂ, 200 ਐਨ25 ਮਾਸਕ ਤੇ 500 ਸੈਨੇਟਾਈਜ਼ਰ ਸੌਂਪੇ ਗਏ। ਇਹ ਪੀਪੀਈ ਕਿੱਟਾਂ ਜ਼ਿਲਾ ਪ੍ਰਸ਼ਾਸਨ ਵੱਲੋਂ ਆਪਣੇ ਪੱਧਰ ’ਤੇ ਖਰੀਦੀਆਂ ਗਈਆਂ ਹਨ ਤਾਂ ਜੋ ਸਿਹਤ ਅਮਲੇ ਨੂੰ ਲੋੜੀਂਦੇ ਸਾਜ਼ੋ-ਸਾਮਾਨ ਦੀ ਕੋਈ ਮੁਸ਼ਕਲ ਨਾ ਆਵੇ।

ਅੱਜ ਵਿਸ਼ਵ ਸਿਹਤ ਦਿਵਸ ਮੌਕੇ ਸਿਵਲ ਹਸਪਤਾਲ ਬਰਨਾਲਾ ਵਿਖੇ ਹੋਏ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਸਿਹਤ ਵਿਭਾਗ ਦੇ ਡਾਕਟਰਾਂ, ਨਰਸਾਂ ਤੇ ਹੋਰ ਸਟਾਫ ਦਾ ਤਾੜੀਆਂ ਮਾਰ ਕੇ ਧੰਨਵਾਦ ਕੀਤਾ, ਜੋ ਇਸ ਔਖੀ ਘੜੀ ਵਿਚ ਆਪਣੇ ਘਰ-ਪਰਿਵਾਰ ਤੋਂ ਦੂਰ ਰਹਿ ਕੇ ਮਨੁੱਖਤਾ ਦੀ ਸੇਵਾ ਵਿਚ 24 ਘੰਟੇ ਲਈ ਡਟੇ ਹੋਏ ਹਨ। ਉਨ ਕਿਹਾ ਕਿ ਸਿਹਤ ਵਿਭਾਗ, ਪੰਜਾਬ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਦੀ ਤਰਜੀਹ ਹੈ, ਇਸ ਲਈ ਸਿਹਤ ਅਮਲੇ ਨੂੰ ਲੋੜੀਂੇਦੇ ਸਾਜ਼ੋ-ਸਾਮਾਨ ਵਿਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਉਨਾਂ ਨੂੰ ਮਾਣ ਹੈ ਕਿ ਸਿਹਤ ਵਿਭਾਗ ਦਾ ਅਮਲਾ ਦਿਨ-ਰਾਤ ਸੇਵਾਵਾਂ ਨਿਭਾਅ ਰਿਹਾ ਹੈ ਤਾਂ ਜੋ ਬਾਕੀ ਜ਼ਿਲਾ ਵਾਸੀਆਂ ਨੂੰ ਕਰੋਨਾ ਵਾਇਰਸ ਤੋਂ ਸੁਰੱਖਿਅਤ ਰੱਖਿਆ ਜਾ ਸਕੇ। ਇਸ ਮੌਕੇ ਸ੍ਰੀ ਫੂਲਕਾ ਨੇ ਸਿਹਤ ਵਿਭਾਗ ਦੇ ਸਟਾਫ ਨੂੰ ਕਿੱਟਾਂ, ਮਾਸਕ ਤੇ ਸੈਨੇਟਾਈਜ਼ਰਾਂ ਦੀ ਵੰਡ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਫੀਲਡ ’ਚ ਡਿਊ੍ਟੀ ਨਿਭਾਅ ਰਹੇ ਪੁਲੀਸ ਮੁਲਾਜ਼ਮਾਂ ਨਾਲ ਗੱਲਬਾਤ ਕੀਤੀ ਅਤੇ ਉਨਾਂ ਦੀ ਹੌਸਲਾ ਅਫਜ਼ਾਈ ਕੀਤੀ। ਉਨਾਂ ਕਿਹਾ ਕਿ ਪੁਲੀਸ ਮੁਲਾਜ਼ਮ ਮੂਹਰਲੀ ਕਤਾਰ ਦਾ ਅਮਲਾ ਹੈ, ਜੋ ਲੋਕਾਂ ਦੀ ਸੁਰੱਖਿਆ ਵਿਚ ਦਿਨ-ਰਾਤ ਡਟਿਆ ਹੋਇਆ ਹੈ ਅਤੇ ਜਿਸ ਨੇ ਇਸ ਮੁਸ਼ਕਲ ਘੜੀ ਵਿਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਹੋਈ ਹੈ। ਉਨਾਂ ਪੁਲੀਸ ਮੁਲਾਜ਼ਮਾਂ ਨੂੰ ਹੱਲਾਸ਼ੇਰੀ ਦਿੰਦੇ ਹੋਏ ਪੂਰੀ ਜ਼ਿਲੇ ਦੀ ਪੁਲੀਸ ਦਾ ਧੰਨਵਾਦ ਕੀਤਾ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ**

**ਪੇਂਡੂ ਡਿਸਪੈਂਸਰੀਆਂ ਵਿਚ ਦਵਾਈਆਂ ਦੀ ਨਹੀਂ ਆਉਣ ਦਿੱਤੀ ਜਾਵੇਗੀ ਤੋਟ: ਡਿਪਟੀ ਕਮਿਸ਼ਨਰ**

*** ਵਿਸ਼ਵ ਸਿਹਤ ਦਿਵਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਡਿਸਪੈਂਸਰੀਆਂ ਲਈ ਦਵਾਈਆਂ ਰਵਾਨਾ**

*** 33 ਪੇਂਡੂ ਡਿਸਪੈਂਸਰੀਆਂ ’ਚ ਭੇਜੀਆਂ ਜਾ ਰਹੀਆਂ ਹਨ ਦਵਾਈਆਂ**

ਬਰਨਾਲਾ, 7 ਅਪਰੈਲ

ਕਰੋਨਾ ਵਾਇਰਸ ਦੀ ਮਹਾਂਮਾਰੀ ਨਾਲ ਸਾਰੀ ਦੁਨੀਆਂ ਜੂਝ ਰਹੀ ਹੈ ਤੇ ਇਸ ਵੇਲੇ ਮਿਆਰੀ ਸਿਹਤ ਸੇਵਾਵਾਂ ਸਭ ਤੋਂ ਵੱਡੀ ਲੋੜ ਹੈ। ਇਸ ਲਈ ਪੇਂਡੂ ਡਿਸਪੈਂਸਰੀਆਂ ਵਿਚ ਦਵਾਈਆਂ ਦੀ ਕੋਈ ਕਮੀ ਨਾ ਆਵੇ, ਇਸ ਵਾਸਤੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਅੱਜ ਜ਼ਿਲੇ ਦੀਆਂ 33 ਪੇਂਡੂ ਖੇਤਰ ਦੀਆਂ ਡਿਸਪੈਂਸਰੀਆਂ ਲਈ ਦਵਾਈਆਂ ਭੇਜਣ ਮੌਕੇ ਕੀਤਾ। ਉਨਾਂ ਕਿਹਾ ਕਿ ਜ਼ਿਲੇ ਵਿੱਚ ਸਿਹਤ ਸੇਵਾਵਾਂ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਪਿੰਡਾਂ ਦੇ ਲੋਕਾਂ ਨੂੰ ਦਵਾਈ ਲੈਣ ਲਈ ਸ਼ਹਿਰਾਂ ’ਚ ਨਾ ਆਉਣ ਪਵੇ, ਇਸ ਵਾਸਤੇ ਸਾਰੀਆਂ ਲੋੜੀਂਦੀਆਂ ਦਵਾਈਆਂ ਪੇਂਡੂ ਡਿਸਪੈਂਸਰੀਆਂ ਵਿੱਚ ਭੇਜੀਆਂ ਗਈਆਂ ਹਨ। ਉਨਾਂ ਕਿਹਾ ਕਿ ਪੇਂਡੂ ਵਿਕਾਸ ਵਿਭਾਗ ਵੱਲੋਂ ਇਹ ਦਵਾਈਆਂ ਮੁਹੱਈਆ ਕਰਾਈਆਂ ਗਈਆਂ ਹਨ, ਜੋ ਸਾਰੀਆਂ ਡਿਸਪੈਂਸਰੀਆਂ ਲਈ ਰਵਾਨਾ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਅਤੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਵੀ ਹਾਜ਼ਰ ਸਨ।